Punjab Government Gazette

Published by Authority

No. 40] CHANDIGARH, FRIDAY, OCTOBER 3, 2025 (ASVINA 11, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

(ਇਮਾਰਤਾਂ ਤੇ ਸੜਕਾਂ-2 ਸ਼ਾਖਾ)

ਹੁਕਮ

ਮਿਤੀ 31 ਮਾਰਚ, 2023

ਨੰ: WSSD-BR203/7/2023-2BR2/825.-ਸ਼੍ਰੀ ਗੁਰਬਖਸ਼ ਸਿੰਘ, ਸੁਪਰਡੰਟ ਗ੍ਰੇਡ-1 (ਅ.ਜਾਤੀ) (iHRMS Code 434906) ਦਫ਼ਤਰ ਨਿਗਰਾਨ ਇੰਜੀਨੀਅਰ ਜਸਸ ਹਲਕਾ, ਲੁਧਿਆਣਾ ਵੱਲੋਂ ਆਪਣੇ ਘਰੇਲੂ ਹਾਲਾਤ ਠੀਕ ਨਾ ਹੋਣ ਕਾਰਨ ਮਿਤੀ 31.03.2023 ਨੂੰ ਸਵੈ-ਇੱਛਕ ਰਿਟਾਇਰਮੈਂਟ ਲੈਣ ਲਈ ਦਿੱਤੀ ਗਈ ਪ੍ਰਤੀਬੇਨਤੀ ਮਿਤੀ 26.12.2022 ਦੇ ਸਨਮੁੱਖ ਅਧਿਕਾਰੀ ਨੂੰ ਪੰਜਾਬ ਸਿਵਲ ਸਰਵਿਸ਼ਿਜ ਸਵੈ-ਇੱਛਕ ਰਿਟਾਇਰਮੈਂਟ ਰੂਲ 1975 ਦੇ ਨਿਯਮ 3(1),(2) ਅਤੇ (3) ਅਧੀਨ ਮਿਤੀ 31.03.2023 ਤੋਂ ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ।

2. ਅਧਿਕਾਰੀ ਵਿਰੁੱਧ ਜੇਕਰ ਕੋਈ ਕ੍ਰੀਮੀਨਲ, ਸਿਵਲ ਕੇਸ, ਵਿਜੀਲੈਂਸ ਕੇਸ ਜਾਂ ਅਨੁਸ਼ਾਸ਼ਨੀ ਕਾਰਵਾਈ ਦਾ ਮਾਮਲਾ ਧਿਆਨ ਵਿਚ ਆਉਂਦਾ ਹੈ ਤਾਂ ਸਰਕਾਰ ਦੁਆਰਾ ਇਨ੍ਹਾਂ ਹੁਕਮਾਂ ਨੂੰ ਮੁੜ ਵਿਚਾਰਿਆ ਜਾ ਸਕਦਾ ਹੈ ਜਾਂ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਭਾਗ 2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾ ਸਕਦੀ ਹੈ।

3. ਇਹ ਹੁਕਮ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੇ ਜਾਂਦੇ ਹਨ।

ਡੀ.ਕੇ.ਤਿਵਾਰੀ, ਆਈ.ਏ.ਐਸ.

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

ਚੰਡੀਗੜ੍ਹ

ਮਿਤੀ 27 ਮਾਰਚ, 2023

3515/9-2025/Pb. Govt. Press, S.A.S. Nagar